**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 19-05-2024**

- ਲੋਕ ਸਭਾ ਚੋਣਾਂ ਦੇ 5ਵੇਂ ਗੇੜ 'ਚ, 6 ਸੂਬਿਆਂ ਅਤੇ 2 ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 49 ਸੀਟਾਂ 'ਤੇ ਵੋਟਿੰਗ ਭਲਕੇ।
- ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਉੱਤੇ ਚੋਣ ਲੜ ਰਹੇ 169 ਆਜ਼ਾਦ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕੀਤੇ ਗਏ।
- ਪੰਜਾਬ ਦੇ ਵੱਖ ਵੱਖ ਜ਼ਿਲਿਆਂ 'ਚ, ਖੇਤਾਂ ਵਿਚ ਨਾੜ ਨੂੰ ਅੱਗ ਲਗਾਉਣ ਦੇ ਮਾਮਲਿਆਂ ਦੀ ਕੁਲ ਗਿਣਤੀ 10 ਹਜ਼ਾਰ 924 ਹੋਈ।
- ਮੌਸਮ ਵਿਭਾਗ ਨੇ ਪੰਜਾਬ ਵਿਚ ਲੂ ਦੇ ਕਹਿਰ ਨੂੰ ਵੇਖਦਿਆਂ, ਲੋਕਾਂ ਨੂੰ ਅਹਿਤਿਆਤ ਵਰਤਣ ਦੀ ਸਲਾਹ ਦਿਤੀ ਏ ।

---

ਲੋਕ ਸਭਾ ਚੋਣਾਂ ਦੇ ਪੰਜਵੇਂ ਗੇੜ 'ਚ ਭਲਕੇ 6 ਸੂਬਿਆਂ ਅਤੇ 2 ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 49 ਸੀਟਾਂ 'ਤੇ ਵੋਟਿੰਗ ਹੋਵੇਗੀ। ਇਨ੍ਹਾਂ 'ਚ ਉੱਤਰ

ਪ੍ਰਦੇਸ਼ ਦੀਆਂ 14, ਮਹਾਰਾਸ਼ਟਰ ਦੀਆਂ 13, ਪੱਛਮੀ ਬੰਗਾਲ ਦੀਆਂ 7, ਬਿਹਾਰ ਅਤੇ ਉੜੀਸਾ ਦੀਆਂ 5-5, ਝਾਰਖੰਡ ਦੀਆਂ 3 ਅਤੇ ਜੰਮੂ-ਕਸ਼ਮੀਰ ਅਤੇ ਲੱਦਾਖ ਦੀਆਂ 1-1 ਸੀਟਾਂ ਸ਼ਾਮਲ ਨੇ । ਇਸ ਪੜਾਅ 'ਚ 695 ਉਮੀਦਵਾਰ ਮੈਦਾਨ 'ਚ ਹਨ, ਜਿਨ੍ਹਾਂ 'ਚ ਕਈ ਮੰਤਰੀ ਅਤੇ ਸੰਸਦ ਮੈਂਬਰ ਵੀ ਸ਼ਾਮਲ ਨੇ। ਪ੍ਰਮੁੱਖ ਉਮੀਦਵਾਰਾਂ ਵਿੱਚ ਕੇਂਦਰੀ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਰਾਜਨਾਥ ਸਿੰਘ, ਸਮ੍ਰਿਤੀ ਇਰਾਨੀ ਅਤੇ ਪੀਯੂਸ਼ ਗੋਇਲ, ਕਾਂਗਰਸ ਦੇ ਰਾਹੁਲ ਗਾਂਧੀ, ਲੋਕ ਜਨਸ਼ਕਤੀ ਪਾਰਟੀ-ਰਾਮ ਵਿਲਾਸ ਧੜੇ ਦੇ ਚਿਰਾਗ ਪਾਸਵਾਨ ਸ਼ਾਮਲ ਨੇ ।ਵੋਟਿੰਗ ਸਵੇਰੇ 7 ਵਜੇ ਸ਼ੁਰੂ ਹੋਵੇਗੀ ਅਤੇ ਸ਼ਾਮ 6 ਵਜੇ ਤੱਕ ਜਾਰੀ ਰਹੇਗੀ। ਉੜੀਸਾ ਵਿਧਾਨ ਸਭਾ ਦੀਆਂ 35 ਸੀਟਾਂ 'ਤੇ ਵੀ ਕੱਲ੍ਹ ਹੀ ਵੋਟਿੰਗ ਹੋਵੇਗੀ । ਚੋਣਾਂ ਦੇ ਪਹਿਲੇ ਚਾਰ ਪੜਾਵਾਂ ਵਿੱਚ ਹੁਣ ਤੱਕ 23 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 379 ਸੰਸਦੀ ਹਲਕਿਆਂ ਵਿੱਚ ਵੋਟਿੰਗ ਪੂਰੀ ਹੋ ਚੁੱਕੀ ਏ।

---------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਦੱਸਿਆ ਏ ਕਿ ਸੂਬੇ ਦੀਆਂ 13 ਲੋਕ ਸਭਾ ਸੀਟਾਂ ਉੱਤੇ ਚੋਣ ਲੜ ਰਹੇ 328 ਉਮੀਦਵਾਰਾਂ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹਾ ਚੋਣ ਅਧਿਕਾਰੀਆਂ

ਵੱਲੋਂ ਚੋਣ ਨਿਸ਼ਾਨ ਅਲਾਟ ਕਰ ਦਿੱਤੇ ਗਏ ਨੇ। ਉਨ੍ਹਾਂ ਦੱਸਿਆ ਕਿ ਇਸ ਵਾਰ ਕੁੱਲ 328 ਉਮੀਦਵਾਰਾਂ ਵਿੱਚੋਂ 169 ਆਜ਼ਾਦ ਉਮੀਦਵਾਰ ਚੋਣ ਲੜ ਰਹੇ ਨੇ। ਉਨ੍ਹਾਂ ਦੱਸਿਆ ਕਿ ਵੋਟਰ ਇਨ੍ਹਾਂ ਸਾਰੇ ਉਮੀਦਵਾਰਾਂ ਦੇ ਵੇਰਵੇ ਅਤੇ ਚੋਣ ਕਮਿਸ਼ਨ ਕੋਲ ਜਮ੍ਹਾਂ ਕਰਵਾਏ ਹਲਫਨਾਮੇ, ਮੋਬਾਈਲ ਦੇ ਕੇ.ਵਾਈ.ਸੀ ਐਪ ਉੱਤੇ ਦੇਖ ਸਕਦੇ ਨੇ। ਸਿਬਿਨ ਸੀ ਨੇ ਦੱਸਿਆ ਕਿ ਗੁਰਦਾਸਪੁਰ ਤੋਂ 26 ਉਮੀਦਵਾਰ ਚੋਣ ਲੜ ਰਹੇ ਨੇ, ਜਿਨ੍ਹਾਂ ਵਿੱਚ 14 ਆਜ਼ਾਦ ਉਮੀਦਵਾਰ ਸ਼ਾਮਲ ਨੇ, ਜਦਕਿ ਅੰਮ੍ਰਿਤਸਰ ਤੋਂ 30 ਉਮੀਦਵਾਰ ਚੋਣ ਲੜ ਰਹੇ ਨੇ, ਜਿਨ੍ਹਾਂ ਵਿੱਚ ਆਜ਼ਾਦ ਉਮੀਦਵਾਰਾਂ ਦੀ ਗਿਣਤੀ 18 ਏ ਉੱਥੇ ਹੀ ਖਡੂਰ ਸਾਹਿਬ ਤੋਂ 27 ਉਮੀਦਵਾਰ ਚੋਣ ਮੈਦਾਨ ਵਿੱਚ ਨੇ ਜਿਨ੍ਹਾਂ ਵਿੱਚ 18 ਆਜ਼ਾਦ ਉਮੀਦਵਾਰ ਨੇ। ਜਲੰਧਰ ਤੋਂ 20 ਉਮੀਦਵਾਰ ਚੋਣ ਲੜ ਰਹੇ ਨੇ, ਜਿਨ੍ਹਾਂ ਵਿੱਚ 8 ਆਜ਼ਾਦ ਉਮੀਦਵਾਰ ਸ਼ਾਮਲ ਨੇ । ਹੁਸ਼ਿਆਰਪੁਰ ਤੋਂ ਕੁੱਲ 16 ਉਮੀਦਵਾਰ ਚੋਣ ਲੜ ਰਹੇ ਨੇ, ਜਿਨ੍ਹਾਂ ਵਿੱਚੋਂ ਆਜ਼ਾਦ ਉਮੀਦਵਾਰਾਂ ਦੀ ਗਿਣਤੀ 4 ਏ । ਆਨੰਦਪੁਰ ਸਾਹਿਬ ਤੋਂ ਕੁੱਲ 28 ਉਮੀਦਵਾਰਾਂ ਵਿੱਚੋਂ 13 ਆਜ਼ਾਦ ਉਮੀਦਵਾਰ ਚੋਣ ਮੈਦਾਨ ਵਿੱਚ ਨੇ । ਲੁਧਿਆਣਾ ਤੋਂ 43 ਉਮੀਦਵਾਰਾਂ ਵਿੱਚੋਂ 26 ਆਜ਼ਾਦ ਉਮੀਦਵਾਰ ਚੋਣਾਂ ਲੜ ਰਹੇ ਨੇ । ਫਤਿਹਗੜ੍ਹ ਸਾਹਿਬ ਤੋਂ ਕੁੱਲ 14 ਉਮੀਦਵਾਰਾਂ ਵਿੱਚੋਂ 7 ਆਜ਼ਾਦ ਉਮੀਦਵਾਰ ਨੇ। ਫਰੀਦਕੋਟ ਤੋਂ ਕੁੱਲ 28 ਉਮੀਦਵਾਰਾਂ

ਵਿੱਚੋਂ 12 ਆਜ਼ਾਦ ਉਮੀਦਵਾਰ ਚੋਣ ਮੈਦਾਨ ਵਿੱਚ ਨੇ। ਫਿਰੋਜ਼ਪੁਰ ਤੋਂ ਕੁੱਲ 29 ਉਮੀਦਵਾਰ ਚੋਣ ਲੜ ਰਹੇ ਨੇ, ਜਿਨ੍ਹਾਂ ਵਿੱਚ 17 ਆਜ਼ਾਦ ਉਮੀਦਵਾਰ ਸ਼ਾਮਲ ਨੇ । ਬਠਿੰਡਾ ਤੋਂ ਕੁੱਲ 18 ਉਮੀਦਵਾਰਾਂ ਵਿੱਚ 8 ਆਜ਼ਾਦ ਉਮੀਦਵਾਰ ਨੇ । ਸੰਗਰੂਰ ਤੋਂ 23 ਉਮੀਦਵਾਰਾਂ ਵਿੱਚੋਂ 9 ਆਜ਼ਾਦ ਉਮੀਦਵਾਰ ਚੋਣਾਂ ਲੜ ਰਹੇ ਨੇ ਜਦਕਿ ਪਟਿਆਲਾ ਤੋਂ 26 ਉਮੀਦਵਾਰਾਂ ਵਿੱਚੋਂ 15 ਆਜ਼ਾਦ ਉਮੀਦਵਾਰ ਚੋਣ ਮੈਦਾਨ ਵਿੱਚ ਉੱਤਰੇ ਨੇ। ਸਿਬਿਨ ਸੀ ਨੇ ਦੱਸਿਆ ਕਿ ਚੋਣ ਤਿਆਰੀਆਂ ਅੰਤਿਮ ਪੜਾਅ ਉੱਤੇ ਨੇ ਅਤੇ ਪਹਿਲੀ ਜੂਨ ਨੂੰ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ।

-----------------------------------------------------------

ਸ੍ਰੀ ਆਨੰਦਪੁਰ ਸਾਹਿਬ ਤੋਂ BJP ਦੇ ਉਮੀਦਵਾਰ ਡਾ: ਸੁਭਾਸ਼ ਸ਼ਰਮਾ ਨੇ ਅੱਜ ਬਲਾਚੌਰ ਵਿੱਚ ਚੋਣ ਪ੍ਰਚਾਰ ਦੌਰਾਨ ਵੱਖ-ਵੱਖ ਜਨ ਸਭਾਵਾਂ ਨੂੰ ਸੰਬੋਧਨ ਕੀਤਾ। ਇਸ ਮੌਕੇ ਡਾ: ਸੁਭਾਸ਼ ਸ਼ਰਮਾ ਨੇ ਸ੍ਰੀ ਆਨੰਦਪੁਰ ਸਾਹਿਬ ਹਲਕੇ ਦਾ ਸਭ ਤੋਂ ਅਹਿਮ ਮੁੱਦਾ ਉਠਾਉਂਦਿਆਂ ਕਿਹਾ ਕਿ ਹਲਕੇ ਦੇ ਸੈਂਕੜੇ ਨੌਜਵਾਨ, ਕਪਾਹ ਉਦਯੋਗ ਵਿੱਚ ਕੰਮ ਕਰਨ ਲਈ ਮਹਾਰਾਸ਼ਟਰ ਅਤੇ ਗੁਜਰਾਤ ਵਰਗੇ ਸੂਬਿਆਂ ਵਿੱਚ ਜਾਂਦੇ ਨੇ । ਡਾ.ਸ਼ਰਮਾ ਨੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ

ਪਵਿੱਤਰ ਧਰਤੀ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਤਾਂ ਉਹ ਇੱਥੇ ਕਪਾਹ ਉਦਯੋਗ ਨਾਲ ਸਬੰਧਤ ਇਕ ਵੱਡਾ ਪ੍ਰੋਜੈਕਟ ਲੈ ਕੇ ਆਉਣਗੇ ਤਾਂ ਜੋ ਇੱਥੋਂ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਰੁਜ਼ਗਾਰ ਮਿਲ ਸਕੇ।

---------------------------------------------------------

ਪੰਜਾਬ ਦੇ ਹੋਰਨਾਂ ਹਿੱਸਿਆਂ ਵਾਂਗ ਗੁਰਦਾਸਪੁਰ ਲੋਕਸਭਾ ਹਲਕੇ ਵਿਚ ਚੋਣਾਂ ਲਈ ਤਿਆਰੀਆਂ ਕੀਤੀਆਂ ਜਾ ਰਹੀਆਂ ਨੇ। ਸਰਹੱਦੀ ਜ਼ਿਲ੍ਹਾ ਹੋਣ ਕਰਕੇ ਸੁਰੱਖਿਆ ਪੱਖੋਂ ਇਹ ਹਲਕਾ ਕਾਫੀ ਸੰਵੇਦਨਸ਼ੀਲ ਏ। ਗੁਰਦਾਸਪੁਰ ਵਿੱਚ 9 ਵਿਧਾਨ ਸਭਾ ਹਲਕੇ ਗੁਰਦਾਸਪੁਰ, ਦੀਨਾ ਨਗਰ, ਕਾਦੀਆਂ, ਬਟਾਲਾ, ਡੇਰਾ ਬਾਬਾ ਨਾਨਕ, ਫਤਿਹਗੜ੍ਹ ਚੂੜੀਆਂ, ਸੁਜਾਨਪੁਰ, ਭੋਆ ਅਤੇ ਪਠਾਨਕੋਟ ਪੈਂਦੇ ਨੇ। ਗੁਰਦਾਸਪੁਰ ਜ਼ਿਲੇ ਦੇ ਜ਼ਿਲ੍ਹਾ ਚੋਣ ਅਧਿਕਾਰੀ ਵਿਸ਼ੇਸ਼ ਸਰੰਗਲ ਨੇ ਦੱਸਿਆ ਕਿ ਕੁੱਲ 1 ਹਜ਼ਾਰ 895 ਪੋਲਿੰਗ ਬੂਥਾਂ ਤੇ ਵੋਟਿੰਗ ਹੋਵੇਗੀ। ਦਿਵਿਆਂਗ ਵੋਟਰ ਸੁਵਿਧਾ ਐਪ ਰਾਹੀਂ ਵੀਲ੍ਹ ਚੇਅਰ ਤੇ ਹੋਰ ਸਹੂਲਤਾਂ ਲਈ ਅਪਲਾਈ ਕਰ ਸਕਦੇ ਨੇ। ਵਿਸ਼ੇਸ਼ ਸਰੰਗਲ ਨੇ ਦੱਸਿਆ ਕਿ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਜਾ ਰਹੇ ਨੇ ਅਤੇ ਸੰਵੇਦਨਸ਼ੀਲ ਬੂਥਾਂ ਤੇ ਫਲਾਇੰਗ ਸਕੁਐਡ ਟੀਮਾਂ ਨੂੰ ਤਾਇਨਾਤ ਕੀਤਾ ਗਿਆ ਏ। ਇਸ ਤੋਂ

ਅਲਾਵਾ ਥਾਂ ਥਾਂ ਨਾਕੇ ਲਗਾਏ ਜਾ ਰਹੇ ਨੇ ਤਾਂ ਜੋ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਤੇ ਸ਼ਾਂਤਮਈ ਚੋਣ ਅਮਲ ਯਕੀਨੀ ਬਣਾਇਆ ਜਾ ਸਕੇ ।

---------------------------------------------------------

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਵਿਧਾਨ ਸਭਾ ਹਲਕਾ ਪੱਧਰ 'ਤੇ, ਪੋਲਿੰਗ ਸਟਾਫ ਦੀ ਦੂਜੀ ਰਿਹਰਸਲ ਕਾਰਵਾਈ ਗਈ। ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਲਈ ਸਰਕਾਰੀ ਕਾਲਜ ਅਮਰਗੜ੍ਹ ਵਿਖੇ, ਜ਼ਿਲ੍ਹਾ ਚੋਣ ਅਫ਼ਸਰ ਡਾ ਪੱਲਵੀ ਅਤੇ ਲੋਕ ਸਭਾ ਹਲਕਾ ਸੰਗਰੂਰ  ਸਰਕਾਰੀ ਕਾਲਜ ਮਾਲੇਰਕੋਟਲਾ ਵਿਖੇ ਸਹਾਇਕ ਚੋਣ ਅਫ਼ਸਰ ਰਾਜਪਾਲ ਸਿੰਘ ਦੀ ਅਗਵਾਈ ਵਿੱਚ ਅੱਜ ਰਿਹਰਸਲ  ਕਰਵਾਈ ਗਈ । ਇਸ ਮੌਕੇ ਸਹਾਇਕ ਰਿਟਰਨਿੰਗ ਅਫ਼ਸਰ ਗੁਰਮੀਤ ਕੁਮਾਰ ਬਾਂਸਲ ਤੇ ਅਪਰਨਾ ਐਮ.ਬੀ ਵੀ ਮੌਜੂਦ ਰਹੇ । ਲੋਕ ਸਭਾ ਚੋਣਾਂ ਦੌਰਾਨ ਚੋਣ ਪ੍ਰਕ੍ਰਿਆ ਨੂੰ ਨੇਪਰੇ ਚੜਾਉਣ ਲਈ, ਜ਼ਿਲ੍ਹੇ ਦੇ 400 ਬੂਥਾਂ 'ਤੇ ਪੈਣ ਵਾਲੀਆਂ ਵੋਟਾਂ ਲਈ ਤਾਇਨਾਤ ਕੀਤੇ ਜਾਣ ਵਾਲੇ 1920 ਦੇ ਕਰੀਬ ਚੋਣ ਅਮਲੇ ਨੂੰ ਬੀ.ਯੂ, ਸੀ.ਯੂ ਤੇ ਵੀ.ਵੀ.ਪੈਟ ਮਸ਼ੀਨਾਂ ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਚੋਣਾਂ ਸਮੇਂ ਵਰਤੇ ਜਾਣ ਵਾਲੇ ਪ੍ਰੋਫਾਰਮੇ ਭਰਨ ਸਮੇਤ ਪ੍ਰੀ-ਜਾਇਡਿੰਗ ਅਫ਼ਸਰਾਂ ਦੀਆਂ ਡਿਊਟੀਆਂ ਅਤੇ ਪੋਲਿੰਗ ਅਫ਼ਸਰਾਂ ਵੱਲੋਂ ਕੀਤੇ ਜਾਣ ਵਾਲੇ ਕੰਮਾਂ ਬਾਰੇ ਚੋਣ ਅਮਲੇ ਨੂੰ ਜਾਣੂ

ਕਰਵਾਇਆ ਗਿਆ। ਡਾ ਪੱਲਵੀ ਨੇ ਪੋਲਿੰਗ ਸਟਾਫ ਦੇ ਪਰਿਵਾਰਕ ਮੈਂਬਰਾਂ ਨਾਲ ਵੀ ਗੱਲ ਬਾਤ ਕੀਤੀ ਅਤੇ ਭਰੋਸਾ ਦਵਾਇਆ ਕਿ ਚੋਣ ਅਮਲੇ ਨੂੰ ਕਿਸੇ ਵੀ ਤਰ੍ਹਾਂ ਦੀ ਮੁਸਕਲ ਨਹੀਂ ਆਉਣ ਦਿੱਤੀ ਜਾਵੇਗੀ ਜਿਸ ਲਈ ਪ੍ਰਸਾਸ਼ਨ ਵਲੋਂ ਪੁਖੱਤਾ ਪ੍ਰਬੰਧ ਕੀਤੇ ਗਏ ਨੇ।

------------------------------------------------------------

ਫ਼ਰੀਦਕੋਟ ਦੇ ਰਿਟਰਨਿੰਗ ਅਫ਼ਸਰ ਵਿਨੀਤ ਕੁਮਾਰ ਨੇ ਅੱਜ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਹੰਸ ਰਾਜ ਹੰਸ ਨੂੰ ਚੋਣ ਜਾਬਤੇ ਦੀ ਉਲੰਘਣਾ ਸਬੰਧੀ ਇੱਕ ਨੋਟਿਸ ਜਾਰੀ ਕਰਦਿਆਂ 24 ਘੰਟਿਆਂ ਦੇ ਅੰਦਰ ਜਵਾਬ ਮੰਗਿਆ ਏ। ਸੰਯੁਕਤ ਕਿਸਾਨ ਮੋਰਚੇ ਦੇ ਨੁਮਾਇੰਦਿਆਂ ਵੱਲੋਂ BJP ਉਮੀਦਵਾਰ 'ਤੇ "ਭੜਕਾਊ" ਸ਼ਬਦਾਵਲੀ ਸਬੰਧੀ ਲਿਖਤੀ ਤੌਰ ਤੇ ਸ਼ਿਕਾਇਤ ਪ੍ਰਾਪਤ ਹੋਣ ਉਪਰੰਤ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਏ। ਜ਼ਿਕਰਯੋਗ ਏ ਕਿ ਮੋਰਚੇ ਦੇ ਅਹੁਦੇਦਾਰਾਂ ਨੇ BJP ਉਮੀਦਵਾਰ ਤੇ ਪਿੰਡ ਬੀਹਲੇ-ਵਾਲਾ ਵਿਖੇ ਇੱਕ ਜਨਤਕ ਇਕੱਠ ਨੂੰ ਸੰਬੋਧਿਤ ਹੁੰਦਿਆਂ ਕਥਿਤ ਤੌਰ ਤੇ ਕਿਸਾਨਾਂ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਉਣ ਵਾਲੀ ਸ਼ਬਦਾਵਲੀ ਦਾ ਇਸਤੇਮਾਲ ਕੀਤਾ ਗਿਆ ਸੀ। ਕਿਸਾਨਾਂ ਨੇ ਇਹ ਵੀ ਦੋਸ਼ ਲਗਾਇਆ ਕਿ ਇਸ ਉਮੀਦਵਾਰ ਵੱਲੋਂ

ਕਿਸਾਨਾਂ ਪ੍ਰਤੀ ਵਰਤੀ ਗਈ ਸ਼ਬਦਾਵਲੀ ਨਾਲ ਇਲਾਕੇ ਦੀ ਅਮਨ-ਸ਼ਾਂਤੀ ਵੀ ਭੰਗ ਹੋਣ ਦਾ ਖਦਸ਼ਾ ਏ।

-----------------------------------------------------

ਪੰਜਾਬ ਸਰਕਾਰ ਵੱਲੋਂ ਲਗਾਤਾਰ ਕਿਸਾਨਾਂ ਨੂੰ ਅਪੀਲ ਕੀਤੀ ਜਾ ਰਹੀ ਏ ਕਿ ਕਿਸਾਨ ਆਪਣੇ ਖੇਤਾਂ ਵਿੱਚ ਰਹਿਣ ਖੂੰਦ ਨੂੰ ਅੱਗ ਨਾ ਲਗਾਉਣ, ਕਿਉਂ ਜੋ ਇਸ ਨਾਲ ਕਈ ਵੱਡੇ ਹਾਦਸੇ ਵਾਪਰਦੇ ਨੇ ਪਰ ਕਿਸਾਨ ਖੇਤਾਂ ਵਿੱਚ ਅੱਗ ਲਗਾਉਣ ਤੋਂ ਬਾਜ ਨਹੀਂ ਆ ਰਹੇ। ਅੱਗ ਲਗਾਉਣ ਦਾ ਇਕ ਨਵਾਂ ਮਾਮਲਾ ਗੁਰਦਾਸਪੁਰ ਪੰਡੋਰੀ ਰੋਡ ਤੋਂ ਸਾਹਮਣੇ ਆਇਆ, ਜਿੱਥੇ ਕਿਸਾਨ ਵਲੋ ਖੇਤਾਂ ਵਿੱਚ ਲਗਾਈ ਅੱਗ ਪਨਸਪ ਦੇ ਗੁਦਾਮਾਂ ਤੱਕ ਪਹੁੰਚ ਗਈ, ਗੁਦਾਮ ਅੰਦਰ ਪਏ ਲੱਕੜ ਅਤੇ ਪਲਾਸਟਿਕ ਦੇ ਕਰੇਟਾ ਨੂੰ ਅੱਗ ਲੱਗ ਜਾਣ ਕਾਰਨ ਅੱਗ ਗੁਦਾਮ ਅੰਦਰ ਪੂਰੀ ਤਰ੍ਹਾਂ ਫੈਲ ਗਈ। ਫਾਇਰ ਬ੍ਰਿਗੇਡ ਦੀਆਂ ਪੰਜ ਗੱਡੀਆਂ ਨੇ ਅੱਗ ਤੇ ਕਾਬੂ ਪਾਇਆ ਅਤੇ ਬੜੀ ਮੁਸ਼ਕਿਲ ਦੇ ਨਾਲ ਭੰਡਾਰ ਕੀਤੇ ਅਨਾਜ ਨੂੰ ਬਚਾਇਆ ਗਿਆ।

-----------------------------------------------------

ਏਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਖੇਤਾਂ ਵਿਚ ਹੀ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਜਾਰੀ ਨੇ। ਸਰਕਾਰੀ

ਅੰਕੜਿਆਂ ਅਨੁਸਾਰ ਅੱਜ ਨਾੜ ਸਾੜਨ ਦੇ ਕੁਲ 597 ਮਾਮਲੇ ਸਾਹਮਣੇ ਆਏ ਨੇ ਜਿਸ ਨਾਲ ਸੂਬੇ ਵਿਚ ਹੁਣ ਤਕ ਅੱਗ ਲਗਾਉਣ ਦੇ ਮਾਮਲਿਆਂ ਦੀ ਕੁਲ ਗਿਣਤੀ 10 ਹਜ਼ਾਰ 924 ਹੋ ਗਈ ਏ। ਅੱਜ ਨਾੜ ਸਾੜਨ ਦੀਆਂ ਸਬ ਤੋਂ ਵੱਧ ਘਟਨਾਵਾਂ ਲੁਧਿਆਣਾ ਜ਼ਿਲੇ ਵਿਚ 94 ਦਰਜ਼ ਕੀਤੀਆਂ ਗਈਆਂ ਜਦਕਿ ਮੋਗਾ ਵਿਚ 77 , ਗੁਰਦਾਸਪੁਰ ਵਿਚ 60 ਅਤੇ ਕਪੂਰਥਲਾ ਜ਼ਿਲੇ ਵਿਚ 57 ਥਾਂਵਾਂ ਤੇ ਖੇਤਾਂ ਵਿਚ ਹੀ ਨਾੜ ਨੂੰ ਅੱਗ ਲਗਾਈ ਗਈ।

---------------------------------------------------------------

ਮੌਸਮ ਵਿਭਾਗ ਨੇ ਆਉਂਦੇ 4 ਤੋਂ 5 ਦਿਨ ਲਈ, ਪੰਜਾਬ ਵਿਚ ਲੂ ਸੰਬੰਧੀ ਯੈਲੋ, ਓਰੇਂਜ ਤੇ ਰੇਡ ਅਲਰਟ ਜਾਰੀ ਕੀਤਾ ਏ। ਸੂਬੇ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ 43 ਡਿਗਰੀ ਸੈਲਸੀਅਸ ਨੂੰ ਪਾਰ ਕਰ ਗਿਆ ਏ ਜਦਕਿ ਕੁਝ ਖੇਤਰਾਂ ਵਿੱਚ ਤਾਪਮਾਨ 45 ਤੋਂ 46 ਡਿਗਰੀ ਸੈਲਸੀਅਸ ਦੇ ਨੇੜੇ ਪਹੁੰਚ ਗਿਆ ਏ ।ਮੌਸਮ ਵਿਭਾਗ ਮੁਤਾਬਿਕ ਅਗਲੇ 4 ਤੋਂ 5 ਦਿਨਾਂ ਦੌਰਾਨ ਮੌਸਮ ਖੁਸ਼ਕ ਰਹਿਣ ਦੀ ਸੰਭਾਵਨਾ ਏ। ਪੰਜਾਬ ਦੇ ਉੱਤਰੀ ਹਿੱਸਿਆਂ ਵਿੱਚ ਤਾਪਮਾਨ 42 ਤੋਂ 44 ਡਿਗਰੀ ਸੈਲਸੀਅਸ ਜਦਕਿ ਦੱਖਣੀ ਹਿੱਸਿਆਂ ਵਿੱਚ ਬਹੁਤ ਤੋਂ ਬਹੁਤ ਜ਼ਿਆਦਾ

ਲੂ, ਤੇ ਵੱਧ ਤੋਂ ਵੱਧ ਤਾਪਮਾਨ 46 ਤੋਂ 47 ਡਿਗਰੀ ਸੈਲਸੀਅਸ ਤੱਕ ਪਹੁੰਚ ਸਕਦਾ ਏ। 23 ਮਈ ਤਕ ਲੂ ਤੇ ਗਰਮ ਹਵਾਵਾਂ ਦਾ ਕਹਿਰ ਜਾਰੀ ਰਹੇਗਾ । ਚੰਡੀਗੜ੍ਹ ਸਥਿਤ ਮੌਸਮ ਵਿਗਿਆਨ ਕੇਂਦਰ ਨੇ ਲੋਕਾਂ ਨੂੰ ਅੱਤ ਦੀ ਗਰਮੀ ਤੋਂ ਬਚਣ ਲਈ ਜ਼ਿਆਦਾ ਤੋਂ ਜ਼ਿਆਦਾ ਪਾਣੀ ਪੀਣ ਅਤੇ ਅਲਕੋਹਲ ਅਤੇ ਕੈਫੀਨ ਵਾਲੇ ਪੀਣ ਵਾਲੇ ਪਦਾਰਥਾਂ ਤੋਂ ਗੁਰੇਜ਼ ਕਰਨ, ਗਰਮੀ ਦੇ ਸਿਖਰ, ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਦੌਰਾਨ ਘਰ ਦੇ ਅੰਦਰ ਰਹਿਣ ਅਤੇ ਕਿਸੇ ਜ਼ਰੂਰੀ ਕੰਮ ਹੋਣ 'ਤੇ ਹੀ ਘਰ ਤੋਂ ਬਾਹਰ ਜਾਣ ਸਮੇਂ ਹਲਕੇ ਰੰਗ ਦੇ ਕੱਪੜੇ ਪਾਉਣ, ਆਪਣੇ ਸਿਰ ਨੂੰ ਟੋਪੀ, ਕੱਪੜੇ ਜਾਂ ਫੇਰ ਛੱਤਰੀ ਨਾਲ ਢੱਕ ਕੇ ਜਾਣ ਦੀ ਅਪੀਲ ਕੀਤੀ ਏ । ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ, ਇਸ ਲਈ ਇਨਾਂ ਦਾ ਖਾਸ ਧਿਆਨ ਰੱਖਣ ਲਈ ਆਖਿਆ ਗਿਆ ਏ । ਇਸਤੋਂ ਇਲਾਵਾ ਗਰਮੀ ਨਾਲ ਸੰਬੰਧਿਤ ਬਿਮਾਰੀਆਂ ਦੇ ਲੱਛਣ ਜਿਵੇਂ ਥਕਾਵਟ ਅਤੇ ਚੱਕਰ ਆਉਣਾ, ਮਤਲੀ, ਸਿਰ ਦਰਦ, ਤੇਜ਼ ਧੜਕਣ, ਅਤੇ ਬੇਹੋਸ਼ੀ ਹੋਣ ਦੇ ਮਾਮਲੇ ਵਿੱਚ, ਤੁਰੰਤ ਡਾਕਟਰ ਕੋਲ ਜਾਣ ਲਈ ਆਖਿਆ ਗਿਆ ਏ ।